ਮਾਲੀ ਗਉੜਾ ਮਹਲਾ ੫ ॥ ਪ੍ਰਭ ਸਮਰਥ ਦੇਵ ਅਪਾਰ ॥ ਕਉਨੁ ਜਾਨੈ ਚਲਿਤ ਤੇਰੇ ਕਿਛੁ ਅੰਤੁ ਨਾਹੀ ਪਾਰ ॥੧॥ ਰਹਾਉ ॥ ਇਕ ਖਿਨਹਿ ਥਾਪਿ ਉਥਾਪਦਾ ਘੜਿ ਭੰਨਿ ਕਰਨੈਹਾਰੁ ॥ ਜੇਤ ਕੀਨ ਉਪਾਰਜਨਾ ਪ੍ਰਭੁ ਦਾਨੁ ਦੇਇ ਦਾਤਾਰ ॥ ੧॥ ਹਰਿ ਸਰਨਿ ਆਇਓ ਦਾਸੁ ਤੇਰਾ ਪ੍ਰਭ ਊਚ ਅਗਮ ਮੁਰਾਰ ॥ ਕਢਿ ਲੇਹੁ ਭਉਜਲਬਿਖਮ ਤੇ ਜਨੁ ਨਾਨਕੁ ਸਦ ਬਲਿਹਾਰ ॥੨॥੨॥੭॥ {ਪੰਨਾ 988}

ਪਦਅਰਥ:- ਪ੍ਰਭ—ਹੇ ਪ੍ਰਭੂ! ਸਮਰਥ—ਹੇ ਸਭ ਤਾਕਤਾਂ ਦੇ ਮਾਲਕ! ਦੇਵ—ਹੇ ਪ੍ਰਕਾਸ਼-ਰੂਪ! ਅਪਾਰ—ਹੇ ਬੇਅੰਤ! ਜਾਨੈ—ਜਾਣਦਾ ਹੈ। ਚਲਿਤ—ਤਮਾਸ਼ੇ, ਕੌਤਕ। ਪਾਰ—ਪਾਰਲਾ ਬੰਨਾ।1। ਰਹਾਉ।

ਖਿਨਹਿ—ਖਿਨ ਵਿਚ। ਥਾਪਿ—ਪੈਦਾ ਕਰ ਕੇ। ਉਥਾਪਦਾ—ਨਾਸ ਕਰਦਾ ਹੈ। ਘੜਿ—ਘੜ ਕੇ। ਭੰਨਿ—ਭੰਨ ਕੇ। ਕਰਨੈਹਾਰੁ—ਸਭ ਕੁਝ ਕਰ ਸਕਣ ਵਾਲਾ। ਜੇਤ ਉਪਾਰਜਨਾ—ਜਿਤਨੀ ਭੀ ਸ੍ਰਿਸ਼ਟੀ। ਕੀਨ—ਪੈਦਾ ਕੀਤੀ ਹੈ। ਦੇਇ—ਦੇਂਦਾ ਹੈ। ਦਾਤਾਰ—ਦਾਤਾਂ ਦੇਣ ਵਾਲਾ।1।

ਹਰਿ—ਹੇ ਹਰੀ! ਪ੍ਰਭ—ਹੇ ਪ੍ਰਭੂ! ਊਚ—ਹੇ ਸਭ ਤੋਂ ਉੱਚੇ! ਅਗਮ—ਹੇ ਅਪਹੁੰਚ! ਮੁਰਾਰ—ਹੇ ਮੁਰਾਰਿ! ਭਉਜਲ ਬਿਖਮ ਤੇ—ਔਖੇ ਸੰਸਾਰ-ਸਮੁੰਦਰ ਤੋਂ। ਤੇ—ਤੋਂ, ਵਿਚੋਂ। ਸਦ—ਸਦਾ।2।

ਅਰਥ:- ਹੇ ਪ੍ਰਭੂ! ਹੇ ਸਭ ਤਾਕਤਾਂ ਦੇ ਮਾਲਕ! ਹੇ ਪ੍ਰਕਾਸ਼-ਰੂਪ! ਹੇ ਬੇਅੰਤ! ਤੇਰੇ ਚੋਜਾਂ ਨੂੰ ਕੋਈ ਭੀ ਨਹੀਂ ਜਾਣ ਸਕਦਾ। ਤੇਰੇ ਚੋਜਾਂ ਦਾ ਅੰਤ ਨਹੀਂ ਪੈ ਸਕਦਾ, ਪਾਰਲਾ ਬੰਨਾ ਨਹੀਂ ਲੱਭ ਸਕਦਾ।1। ਰਹਾਉ।

ਹੇ ਭਾਈ! ਸਭ ਕੁਝ ਕਰ ਸਕਣ ਵਾਲਾ ਪਰਮਾਤਮਾ ਘੜ ਕੇ ਪੈਦਾ ਕਰ ਕੇ (ਉਸ ਨੂੰ) ਇਕ ਖਿਨ ਵਿਚ ਭੰਨ ਕੇ ਨਾਸ ਕਰ ਦੇਂਦਾ ਹੈ। ਹੇ ਭਾਈ! ਜਿਤਨੀ ਭੀ ਸ੍ਰਿਸ਼ਟੀ ਉਸ ਨੇ ਪੈਦਾ ਕੀਤੀ ਹੈ, ਦਾਤਾਂ ਦੇਣ ਵਾਲਾ ਉਹ ਪ੍ਰਭੂ (ਸਾਰੀ ਸ੍ਰਿਸ਼ਟੀ ਨੂੰ) ਦਾਨ ਦੇਂਦਾ ਹੈ।1।

ਹੇ ਹਰੀ! ਹੇ ਪ੍ਰਭੂ! ਹੇ ਸਭ ਤੋਂ ਉੱਚੇ! ਹੇ ਅਪਹੁੰਚ! ਹੇ ਮੁਰਾਰਿ! ਤੇਰਾ ਦਾਸ (ਨਾਨਕ) ਤੇਰੀ ਸਰਨ ਆਇਆ ਹੈ। (ਆਪਣੇ ਦਾਸ ਨੂੰ) ਔਖੇ ਸੰਸਾਰ-ਸਮੁੰਦਰ ਵਿਚੋਂ ਬਾਹਰ ਕੱਢ ਲੈ। ਦਾਸ ਨਾਨਕ ਤੈਥੋਂ ਸਦਾ ਸਦਕੇ ਜਾਂਦਾ ਹੈ।2।2।7।